# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 20-10-2024**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਪਰਸੋਂ ਨਵੀਂ ਦਿੱਲੀ ਵਿੱਚ 5 ਵੇਂ ਰਾਸ਼ਟਰੀ ਜਲ ਪੁਰਸਕਾਰ 2023 ਪ੍ਰਦਾਨ ਕਰਨਗੇ ।
- ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਕਲ ਨੂੰ, ਨਵੀਂ ਦਿੱਲੀ ਦੇ ਰਾਸ਼ਟਰੀ ਪੁਲਿਸ ਯਾਦਗਾਰ ਵਿਖੇ,ਸ਼ਹੀਦ ਪੁਲਿਸ ਕਰਮਚਾਰੀਆਂ ਨੂੰ ਸ਼ਰਧਾਂਜਲੀ ਭੇਟ ਕਰਨਗੇ ।
- ਪੰਜਾਬ ਸਰਕਾਰ ਵੱਲੋਂ ਪਸ਼ੂਆਂ ਨੂੰ ਮੂੰਹਖੁਰ ਦੀ ਬਿਮਾਰੀ ਤੋਂ ਬਚਾਉਣ ਲਈ, ਸੂਬੇ ਭਰ ਵਿੱਚ ਕਲ ਤੋਂ ਪਸ਼ੂਆਂ ਦੇ ਟੀਕਾਕਰਨ ਮੁਹਿੰਮ ਦੀ ਸ਼ੁਰੂਆਤ ।
- ਆਮ ਆਦਮੀ ਪਾਰਟੀ ਵਲੋਂ ਪੰਜਾਬ ਦੇ 4 ਵਿਧਾਨ ਸਭਾ ਹਲਕਿਆਂ ਲਈ ਹੋਣ ਵਾਲੀ ਜ਼ਿਮਨੀ ਚੋਣ ਵਾਸਤੇ ਉਮੀਦਵਾਰਾਂ ਦਾ ਐਲਾਨ ।
- ਜਲੰਧਰ ਕਮਿਸ਼ਨਰੇਟ ਪੁਲਿਸ ਨੇ, ਬੰਬੀਹਾ-ਕੌਸ਼ਲ ਗੈਂਗ

ਦੇ, ਪੰਜ ਮੁੱਖ ਮੈਂਬਰਾਂ ਨੂੰ 9 ਗੈਰ-ਕਾਨੂੰਨੀ ਹਥਿਆਰ ਅਤੇ 15 ਕਾਰਤੂਸਾਂ ਸਮੇਤ ਕੀਤਾ ਗ੍ਰਿਫਤਾਰ ।

---------------------------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਪਰਸੋਂ ਨਵੀਂ ਦਿੱਲੀ ਵਿੱਚ, 5ਵੇਂ ਰਾਸ਼ਟਰੀ ਜਲ ਪੁਰਸਕਾਰ 2023 ਪ੍ਰਦਾਨ ਕਰਨਗੇ । ਕੇਂਦਰੀ ਜਲ ਸ਼ਕਤੀ ਮੰਤਰਾਲੇ ਨੇ ਸਰਬੋਤਮ ਸੂਬਾ, ਜ਼ਿਲ੍ਹਾ, ਗ੍ਰਾਮ ਪੰਚਾਇਤ, ਸਰਬੋਤਮ ਸ਼ਹਿਰੀ ਸਥਾਨਕ ਸੰਸਥਾ, ਜਲ ਖਪਤਕਾਰ ਐਸੋਸੀਏਸ਼ਨ ਅਤੇ ਸਿਵਲ ਸੁਸਾਇਟੀ ਸਮੇਤ 9 ਸ਼੍ਰੇਣੀਆਂ ਵਿੱਚ 38 ਜੇਤੂਆਂ ਦਾ ਐਲਾਨ ਕੀਤਾ ਏ । ਸਰਵੋਤਮ ਸੂਬੇ ਦੀ ਸ਼੍ਰੇਣੀ ਵਿੱਚ, ਪਹਿਲਾ ਇਨਾਮ ਓਡੀਸ਼ਾ ਨੂੰ ਦਿੱਤਾ ਗਿਆ ਏ , ਉੱਤਰ ਪ੍ਰਦੇਸ਼ ਨੇ ਦੂਜਾ ਸਥਾਨ ਅਤੇ ਗੁਜਰਾਤ ਅਤੇ ਪੁਡੂਚੇਰੀ ਨੇ ਸਾਂਝੇ ਤੌਰ 'ਤੇ ਤੀਜਾ ਸਥਾਨ ਪ੍ਰਾਪਤ ਕੀਤਾ ਏ । ਹਰੇਕ, ਪੁਰਸਕਾਰ ਜੇਤੂ ਨੂੰ ਇੱਕ ਪ੍ਰਸ਼ੰਸਾ ਪੱਤਰ ਅਤੇ ਇੱਕ ਟਰਾਫੀ ਦੇ ਨਾਲ-ਨਾਲ ਕੁਝ ਸ਼੍ਰੇਣੀਆਂ ਵਿੱਚ ਨਕਦ ਇਨਾਮ ਦਿੱਤੇ ਜਾਣਗੇ। ਮੰਤਰਾਲੇ ਨੇ ਕਿਹਾ, ਸਰਕਾਰ ਰਾਸ਼ਟਰੀ ਪੱਧਰ 'ਤੇ ਜਲ ਪ੍ਰਬੰਧਨ ਅਤੇ ਪਾਣੀ ਦੀ ਸੰਭਾਲ ਬਾਰੇ ਜਾਗਰੂਕਤਾ ਫੈਲਾਉਣ ਲਈ, ਇੱਕ ਵਿਆਪਕ ਮੁਹਿੰਮ ਚਲਾ ਰਹੀ ਏ । ਰਾਸ਼ਟਰੀ ਜਲ ਪੁਰਸਕਾਰ ਸਰਕਾਰ ਦੇ 'ਜਲ ਸਮ੍ਰਿਧ

ਭਾਰਤ' ਦੇ ਸੰਕਲਪ ਨੂੰ ਪ੍ਰਾਪਤ ਕਰਨ ਲਈ, ਦੇਸ਼ ਭਰ ਵਿੱਚ ਵਿਅਕਤੀਆਂ ਅਤੇ ਸੰਸਥਾਵਾਂ ਦੁਆਰਾ ਕੀਤੇ ਗਏ ਚੰਗੇ ਕੰਮ ਅਤੇ ਯਤਨਾਂ 'ਤੇ ਕੇਂਦ੍ਰਿਤ ਕਰਦੇ ਨੇ।

---------------------------------------------------------------------------

ਕੇਂਦਰੀ ਗ੍ਰਿਹ ਅਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਕਲ ਨੂੰ, ਪੁਲਿਸ ਯਾਦਗਾਰੀ ਦਿਵਸ ਮੌਕੇ ਨਵੀਂ ਦਿੱਲੀ ਦੇ ਰਾਸ਼ਟਰੀ ਪੁਲਿਸ ਯਾਦਗਾਰ ਵਿਖੇ, ਸ਼ਹੀਦ ਪੁਲਿਸ ਕਰਮਚਾਰੀਆਂ ਨੂੰ ਸ਼ਰਧਾਂਜਲੀ ਭੇਟ ਕਰਨਗੇ। ਜ਼ਿਕਰਯੋਗ ਏ ਕਿ 21 ਅਕਤੂਬਰ 1959 ਨੂੰ , ਲੱਦਾਖ ਦੇ ਹੌਟ ਸਪਰਿੰਗ ਇਲਾਕੇ ਵਿੱਚ ਹਥਿਆਰਬੰਦ ਚੀਨੀ ਦਲ ਵੱਲੋਂ ਕੀਤੇ ਹਮਲੇ ਵਿੱਚ, 10 ਬਹਾਦਰ ਪੁਲਿਸ ਮੁਲਾਜ਼ਮਾਂ ਨੇ ਆਪਣੀ ਜਾਨ ਕੁਰਬਾਨ ਕਰ ਦਿੱਤੀ ਸੀ। ਪੁਲਿਸ ਕਰਮੀਆਂ ਦੇ ਬਲੀਦਾਨ ਨੂੰ ਯਾਦਗਾਰੀ ਬਣਾਉਣ ਲਈ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਨਵੀ ਦਿੱਲੀ ਸਥਿਤ ਰਾਸ਼ਟਰੀ ਪੁਲਿਸ ਮੈਮੋਰੀਅਲ ਨੂੰ 2018 ਵਿਚ ਦੇਸ਼ ਨੂੰ ਸਮਰਪਿਤ ਕੀਤਾ ਸੀ। ਇਹ ਯਾਦਗਾਰ ਪੁਲਿਸ ਬਲਾਂ ਵਿੱਚ ਰਾਸ਼ਟਰੀ ਪਛਾਣ, ਮਾਣ, ਉਦੇਸ਼ ਦੀ ਏਕਤਾ, ਸਾਂਝੇ ਇਤਿਹਾਸ ਅਤੇ ਭਵਿੱਖ ਦੀ ਭਾਵਨਾ ਪੈਦਾ ਕਰਦੀ ਏ। ਇਸ ਮੌਕੇ ਦੇਸ਼ ਭਰ ਵਿੱਚ ਸ਼ਹੀਦ ਪੁਲਿਸ ਮੁਲਾਜ਼ਮਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਜਾਂਦੀ ਏ ਜਦਕਿ ਮੁੱਖ ਸਮਾਗਮ

ਰਾਸ਼ਟਰੀ ਪੁਲਿਸ ਯਾਦਗਾਰ ਵਿਖੇ ਕੀਤਾ ਜਾਂਦਾ ਏ । ਪੁਲਿਸ ਯਾਦਗਾਰ ਦਿਵਸ ਤੋਂ ਬਾਅਦ, ਸੀ.ਪੀ.ਓ.ਜ਼ ਵਲੋਂ 22 ਤੋਂ 30 ਅਕਤੂਬਰ ਤੱਕ ਕੌਮੀ ਪੁਲਿਸ ਯਾਦਗਾਰ ਵਿਖੇ ਵੱਖ-ਵੱਖ ਯਾਦਗਾਰੀ ਪ੍ਰੋਗਰਾਮ ਕਰਵਾਏ ਜਾਂਦੇ ਨੇ ਜਿਨ੍ਹਾਂ ਵਿੱਚ ਸ਼ਹੀਦਾਂ ਦੇ ਪਰਿਵਾਰਕ ਮੈਂਬਰਾਂ ਨੂੰ ਯਾਦਗਾਰ ਵਿਖੇ ਬੁਲਾਉਣ, ਪੁਲਿਸ ਬੈਂਡ ਡਿਸਪਲੇ, ਮੋਟਰ ਸਾਈਕਲ ਰੈਲੀ, ਦੌੜ ਸ਼ਾਮਲ ਨੇ । ਸ਼ਹੀਦਾਂ ਦੇ ਨਾਮ ਸਮਾਗਮ ਦੇ ਆਯੋਜਨ ਦੇ ਨਾਲ-ਨਾਲ ਪੁਲਿਸ ਬਲ ਦੇ ਜਵਾਨਾਂ ਦੀ ਕੁਰਬਾਨੀ, ਬਹਾਦਰੀ ਅਤੇ ਸੇਵਾ ਨੂੰ ਦਰਸਾਉਂਦੀਆਂ ਫਿਲਮਾਂ ਵੀ ਦਿਖਾਈਆਂ ਜਾਂਦੀਆਂ ਹਨ। ਇਸ ਸਮੇਂ ਦੌਰਾਨ ਸਾਰੇ ਪੁਲਿਸ ਬਲਾਂ ਦੁਆਰਾ ਦੇਸ਼ ਭਰ ਵਿੱਚ ਅਜਿਹੇ ਪ੍ਰੋਗਰਾਮ ਆਯੋਜਿਤ ਕੀਤੇ ਜਾਂਦੇ

---------------------------------------------------------------------------------

ਏਧਰ ਨਵਾਂਸ਼ਹਿਰ ਵਿਖੇ ਵੀ ਡਿਊਟੀ ਦੌਰਾਨ ਸ਼ਹੀਦ ਹੋਏ ਪੁਲਿਸ ਮੁਲਾਜ਼ਮਾਂ ਦੀ ਯਾਦ ਵਿਚ ਕਲ ਪੁਲਿਸ ਸ਼ਹੀਦੀ ਯਾਦਗਾਰੀ ਦਿਵਸ ਮਨਾਇਆ ਜਾਵੇਗਾ । ਇਸ ਸਮਾਗਮ ਵਿਚ ਜ਼ਿਲ੍ਹਾ ਪੁਲਿਸ ਦੇ ਉਨ੍ਹਾਂ ਬਹਾਦਰ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ ਜਾਵੇਗੀ , ਜਿਨ੍ਹਾਂ ਨੇ ਸੂਬੇ ਦੀ ਸੁਰੱਖਿਆ ਲਈ ਡਿਊਟੀ ਨਿਭਾਉਂਦੇ ਹੋਏ ਆਪਣੀਆਂ ਜਾਨਾਂ ਕੁਰਬਾਨ ਕਰ ਦਿੱਤੀਆਂ ਸਨ । ਐਸ. ਪੀ. ਸੋਹਨ ਲਾਲ ਨੇ ਦੱਸਿਆ ਕਿ ਇਸ

ਸਮਾਗਮ ਦੀ ਪ੍ਰਧਾਨਗੀ, ਸੀਨੀਅਰ ਪੁਲਿਸ ਕਪਤਾਨ, ਡਾ. ਮਹਿਤਾਬ ਸਿੰਘ ਕਰਨਗੇ। ਸ਼ਹੀਦ ਹੋਏ ਪੁਲਿਸ ਕਰਮਚਾਰੀਆਂ ਤੇ ਅਧਿਕਾਰੀਆਂ ਦੇ ਪਰਿਵਾਰਿਕ ਮੈਂਬਰਾਂ ਨੂੰ ਸਨਮਾਨਿਤ ਵੀ ਕੀਤਾ ਜਾਵੇਗਾ ਤੇ ਉਨ੍ਹਾਂ ਦੀਆਂ ਸ਼ਿਕਾਇਤਾਂ ਸੁਣ ਕੇ ਮੌਕੇ 'ਤੇ ਹੱਲ ਕੀਤੀਆਂ ਜਾਣਗੀਆਂ।

-----------------------------------------------------------------------------

ਪੰਜਾਬ ਸਰਕਾਰ ਵੱਲੋਂ ਪਸ਼ੂਆਂ ਨੂੰ ਮੂੰਹਖੁਰ ਦੀ ਬਿਮਾਰੀ ਤੋਂ ਬਚਾਉਣ ਲਈ, ਸੂਬੇ ਭਰ ਵਿੱਚ ਕਲ ਤੋਂ ਪਸ਼ੂਆਂ ਦੇ ਟੀਕਾਕਰਨ ਮੁਹਿੰਮ ਸ਼ੁਰੂ ਕੀਤੀ ਜਾਵੇਗੀ। ਇਸ ਟੀਕਾਕਰਨ ਮੁਹਿੰਮ ਦੇ ਸੁਚਾਰੂ ਅਮਲ ਨੂੰ ਯਕੀਨੀ ਬਣਾਉਣ ਲਈ ਕੁੱਲ 816 ਟੀਮਾਂ ਦਾ ਗਠਨ ਕੀਤਾ ਗਿਆ ਏ। ਅੱਜ ਚੰਡੀਗੜ੍ਹ ਜਾਰੀ ਇੱਕ ਪ੍ਰੈਸ ਬਿਆਨ ਵਿੱਚ ਪੰਜਾਬ ਦੇ ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਇਸ ਵਿਆਪਕ ਟੀਕਾਕਰਨ ਮੁਹਿੰਮ ਲਈ FMD. ਵੈਕਸੀਨ ਦੀਆਂ ਕੁੱਲ 65 ਲੱਖ 47 ਹਜ਼ਾਰ 800 ਖੁਰਾਕਾਂ ਉਪਲੱਬਧ ਕਰਵਾਈਆਂ ਗਈਆਂ ਨੇ। ਉਨ੍ਹਾਂ ਵਿਭਾਗ ਦੇ ਅਧਿਕਾਰੀਆਂ ਨੂੰ ਇਸ ਟੀਕਾਕਰਨ ਮੁਹਿੰਮ ਨੂੰ ਨਵੰਬਰ ਦੇ ਅਖੀਰ ਤੱਕ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ ਨੇ। ਉਨ੍ਹਾਂ ਦੱਸਿਆ ਕਿ ਮੁਹਿੰਮ ਤਹਿਤ ਸੂਬੇ ਦੇ ਸਮੁੱਚੇ ਪਸ਼ੂਧਨ ਨੂੰ ਵੈਕਸੀਨ ਮੁਫ਼ਤ ਲਗਾਈ ਜਾਵੇਗੀ। ਉਨ੍ਹਾਂ ਨੇ ਅਧਿਕਾਰੀਆਂ ਨੂੰ ਕੋਲਡ ਚੇਨ ਦੇ ਪ੍ਰਭਾਵਸ਼ਾਲੀ ਪ੍ਰਬੰਧਨ ਨੂੰ ਯਕੀਨੀ

ਬਣਾਉਣ ਦੇ ਨਾਲ ਨਾਲ ਪਸ਼ੂ-ਪਾਲਕਾਂ ਨੂੰ ਟੀਕਾਕਰਨ ਮੁਹਿੰਮ ਦੇ ਫਾਇਦਿਆਂ ਬਾਰੇ ਜਾਗਰੂਕ ਕਰਨ ਲਈ ਵੀ ਕਿਹਾ। ਵਿਭਾਗ ਦੇ ਪ੍ਰਮੁੱਖ ਸਕੱਤਰ ਰਾਹੁਲ ਭੰਡਾਰੀ ਨੇ ਦੱਸਿਆ ਕਿ ਸਾਰੇ ਜ਼ਿਲ੍ਹਿਆਂ ਵਿੱਚ ਵੈਕਸੀਨ ਦੀ ਵੰਡ ਕੀਤੀ ਜਾ ਚੁੱਕੀ ਏ ਅਤੇ ਮੁਹਿੰਮ ਦੇ ਪ੍ਰਭਾਵੀ ਅਮਲ ਨੂੰ ਯਕੀਨੀ ਬਣਾਉਣ ਲਈ NR-DDL ਜਲੰਧਰ ਦੇ ਜਾਇੰਟ ਡਾਇਰੈਕਟਰ ਨੂੰ ਨੋਡਲ ਅਫ਼ਸਰ ਨਿਯੁਕਤ ਕੀਤਾ ਗਿਆ ਏ ।ਉਨ੍ਹਾਂ ਦੱਸਿਆ ਕਿ ਪੰਜਾਬ ਪਸ਼ੂ ਪਾਲਣ ਵਿਭਾਗ ਵੱਲੋਂ ਸੂਬਾ ਪੱਧਰ ‘ਤੇ ਕੰਟਰੋਲ ਰੂਮ ਸਥਾਪਤ ਕਰਨ ਦੇ ਨਾਲ ਨਾਲ ਜ਼ਿਲ੍ਹਾ ਪੱਧਰ 'ਤੇ ਵੀ ਵਿਭਾਗ ਦੇ ਡਿਪਟੀ ਡਾਇਰੈਕਟਰਾਂ ਦੇ ਦਫ਼ਤਰਾਂ ਵਿੱਚ ਕੰਟਰੋਲ ਰੂਮ ਸਥਾਪਤ ਕੀਤੇ ਗਏ ਨੇ ।

-----------------------------------------------------------------------------------

ਕੇਂਦਰੀ ਪੇਂਡੂ ਵਿਕਾਸ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਭਲਕੇ ਨਵੀਂ ਦਿੱਲੀ ਵਿੱਚ ਸ਼ਹਿਰੀ ਜ਼ਮੀਨੀ ਰਿਕਾਰਡਾਂ ਲਈ ਸਰਵੇਖਣ-ਮੁੜ-ਸਰਵੇਖਣ ਵਿੱਚ ਆਧੁਨਿਕ ਤਕਨੀਕਾਂ ਬਾਰੇ ਇੱਕ ਅੰਤਰ-ਰਾਸ਼ਟਰੀ ਵਰਕਸ਼ਾਪ ਦਾ ਉਦਘਾਟਨ ਕਰਨਗੇ । ਇਸ ਵਰਕਸ਼ਾਪ ਦਾ ਮੁੱਖ ਉਦੇਸ਼, ਸ਼ਹਿਰੀ ਜ਼ਮੀਨੀ ਰਿਕਾਰਡਾਂ ਦੇ ਆਧੁਨਿਕੀਕਰਨ ਵਿੱਚ ਵਿਸ਼ਵ-ਵਿਆਪੀ ਸਭ ਤੋਂ ਵਧੀਆ ਅਭਿਆਸਾਂ ਨੂੰ ਪ੍ਰਦਰਸ਼ਿਤ ਕਰਨਾ, ਅਨੁਕੂਲਿਤ ਤਕਨੀਕੀ ਹੱਲ ਪੇਸ਼ ਕਰਨਾ ਅਤੇ ਚੁਣੇ ਹੋਏ ਸ਼ਹਿਰੀ ਖੇਤਰਾਂ ਲਈ ਆਜ਼ਮਾਇਸ਼ੀ ਪ੍ਰੋਜੈਕਟ

ਤਿਆਰ ਕਰਨਾ ਏ। ਵਰਕਸ਼ਾਪ ਵਿੱਚ ਡੇਟਾ ਸੁਰੱਖਿਆ ਅਤੇ ਹਿੱਸੇਦਾਰਾਂ ਲਈ ਸਮਰੱਥਾ ਨਿਰਮਾਣ ਵਰਗੀਆਂ ਚੁਣੌਤੀਆਂ ਤੇ ਵੀ ਵਿਚਾਰ ਕੀਤਾ ਜਾਵੇਗਾ।

---------------------------------------------------------------------------------

ਆਮ ਆਦਮੀ ਪਾਰਟੀ ਨੇ ਪੰਜਾਬ ਦੇ 4 ਵਿਧਾਨ ਸਭਾ ਹਲਕਿਆਂ ਲਈ ਹੋਣ ਵਾਲੀ ਜ਼ਿਮਨੀ ਚੋਣ ਵਾਸਤੇ ਉਮੀਦਵਾਰਾਂ ਦਾ ਐਲਾਨ ਕਰ ਦਿੱਤਾ ਏ।ਪਾਰਟੀ ਵਲੋਂ ਜਾਰੀ ਸੂਚੀ ਅਨੁਸਾਰ ਡੇਰਾ ਬਾਬਾ ਨਾਨਕ ਤੋਂ ਗੁਰਮੀਤ ਸਿੰਘ ਰੰਧਾਵਾ, ਚੱਬੇਵਾਲ ਤੋਂ ਇਸ਼ਾਨ ਚੱਬੇਵਾਲ, ਗਿੱਦੜਬਾਹਾ ਤੋਂ ਹਰਦੀਪ ਸਿੰਘ ਡਿੰਪੀ ਢਿੱਲੋਂ ਅਤੇ ਬਰਨਾਲਾ ਤੋਂ ਹਰਿੰਦਰ ਸਿੰਘ ਧਾਲੀਵਾਲ ਨੂੰ ਉਮੀਦਵਾਰ ਐਲਾਨਿਆ ਗਿਆ ਏ।

---------------------------------------------------------------------------------

ਜਲੰਧਰ ਕਮਿਸ਼ਨਰੇਟ ਪੁਲਿਸ ਨੇ ਸੰਗਠਿਤ ਅਪਰਾਧ ਦੇ ਖਿਲਾਫ ਇੱਕ ਵੱਡੀ ਸਫਲਤਾ ਹਾਸਿਲ ਕਰਦਿਆਂ, ਬੰਬੀਹਾ-ਕੌਸ਼ਲ ਗੈਂਗ ਦੇ, ਪੰਜ ਮੁੱਖ ਸੰਚਾਲਕਾਂ ਨੂੰ, 9 ਗੈਰ-ਕਾਨੂੰਨੀ ਹਥਿਆਰ ਅਤੇ 15 ਕਾਰਤੂਸਾਂ ਸਮੇਤ ਗ੍ਰਿਫਤਾਰ ਕੀਤਾ ਏ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਇਕ ਸੋਸ਼ਲ ਮੀਡਿਆ ਪੋਸਟ ਤੇ ਇਹ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਇਨਾ ਗ੍ਰਿਫਤਾਰੀਆਂ ਨੇ ਤਿੰਨ ਵਿਅਕਤੀਆਂ ਨੂੰ ਨਿਸ਼ਾਨਾ

ਬਣਾ ਕੇ ਕੀਤੇ ਜਾਂ ਵਾਲੇ ਹਮਲੇ ਨੂੰ ਟਾਲ ਦਿੱਤਾ ਏ। ਉਨ੍ਹਾਂ ਦਸਿਆ ਕਿ ਇਹ ਹਥਿਆਰ ਮੱਧ ਪ੍ਰਦੇਸ਼ ਤੋਂ ਤਸਕਰੀ ਕੀਤੇ ਗਏ ਸਨ । ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਪੰਜਾਬ ਦੇ ਕਈ ਜ਼ਿਲ੍ਹਿਆਂ ਵਿੱਚ ਜਬਰੀ ਵਸੂਲੀ, ਕਤਲ ਅਤੇ ਹਥਿਆਰਾਂ ਦੀ ਤਸਕਰੀ ਸਮੇਤ ਕਈ ਗੰਭੀਰ ਅਪਰਾਧਾਂ ਵਿੱਚ ਸ਼ਾਮਲ ਸਨ। ਇਸ ਬਾਰੇ ਚੱਲ ਰਹੀ ਜਾਂਚ ਦਾ ਉਦੇਸ਼ ਉਨ੍ਹਾਂ ਦੇ ਵਿਆਪਕ ਨੈਟਵਰਕ ਨੂੰ ਬੇਪਰਦਾ ਕਰਨਾ ਅਤੇ ਗਰੋਹ ਨੂੰ ਪੂਰੀ ਤਰ੍ਹਾਂ ਖਤਮ ਕਰਨਾ ਏ ।

------------------------------------------------------------------------------------

ਪੰਜਾਬ ਭਰ ਵਿਚ ਪਰਾਲੀ ਦੇ ਸੁਚਾਰੂ ਪ੍ਰਬੰਧਨ ਸੰਬੰਧੀ ਕਿਸਾਨਾਂ ਨੂੰ ਕਿਸਾਨਾਂ ਨੂੰ ਲਗਾਤਾਰ ਜਾਗਰੂਕ ਕੀਤਾ ਜਾ ਰਿਹਾ ਏ।ਸੰਗਰੂਰ ਦੀ ਸਬ-ਡਵੀਜ਼ਨ ਦਿੜ੍ਹਬਾ ਦੇ ਪਿੰਡਾਂ ਵਿਚ ਪਰਾਲੀ ਦੇ ਪ੍ਰਬੰਧਨ ਸੰਬੰਧੀ ਜਾਗਰੂਕਤਾ ਮੁਹਿੰਮ ਚਲਾਈ ਗਈ।ਕਲੱਸਟਰ ਅਧਿਕਾਰੀਆਂ ਅਤੇ ਨੋਡਲ ਅਧਿਕਾਰੀਆਂ ਨੇ ਪਿੰਡਾਂ ਵਿਚ ਦੌਰਾ ਕਰਕੇ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਬਾਰੇ ਜਾਗਰੂਕ ਕੀਤਾ । ਰਾਜੇਸ਼ ਸ਼ਰਮਾ ਨੇ ਕਿਹਾ ਕਿ ਵਿਭਾਗ ਵਲੋਂ ਇਸੇ ਢੰਗ ਨਾਲ ਅੱਗੇ ਵੀ ਪਰਾਲੀ ਦੇ ਪ੍ਰਬੰਧਨ ਲਈ ਕਿਸਾਨਾਂ ਨੂੰ ਜਾਗਰੂਕ ਕੀਤਾ ਜਾਵੇਗਾ ਤਾਂ ਕਿ ਵਾਤਾਵਰਣ ਨੂੰ ਸ਼ੁੱਧ ਰੱਖਿਆ ਜਾ ਸਕੇ ਅਤੇ ਪਰਾਲੀ ਸੜਨ ਦੇ ਮਾਮਲੇ ਖਤਮ ਕੀਤੇ ਜਾ

ਸਕਣ। ਏਧਰ ਸੂਬੇ ਦੇ ਵੱਖ ਵੱਖ ਜ਼ਿਲਿਆਂ ਤੋਂ ਕਿਸਾਨਾਂ ਨੇ ਪਰਾਲੀ ਸੇ ਸੁਚਾਰੂ ਪ੍ਰਬੰਧਨ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ BYTE:

-------------------------------------------------------------------------------

ਮੋਹਾਲੀ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਰਸ ਮੇਲੇ 'ਤੇ ਬਹੁ-ਭਾਂਤੀ ਸਭਿਆਚਾਰਕ ਪੇਸ਼ਕਾਰੀਆਂ ਦੇ ਨਾਲ-ਨਾਲ ਸਮਾਜਿਕ ਜ਼ਿੰਮੇਂਵਾਰੀਆਂ ਨਾਲ ਭਰਪੂਰ ਗਤੀਵਿਧੀਆਂ ਵੀ ਰੋਜ਼ਾਨਾ ਕਰਵਾਈਆਂ ਜਾ ਰਹੀਆਂ ਨੇ।

ਅੱਜ ਬ੍ਰਹਮਕੁਮਾਰੀਆਂ ਦੇ ਆਸ਼ਰਮ ਦੇ ਸਹਿਯੋਗ ਨਾਲ ਨਸ਼ਿਆਂ ਵਿਰੁੱਧ ਜਾਗਰੂਕਤਾ ਪੈਦਾ ਕਰਨ ਲਈ ਮੰਚ 'ਤੇ ਨਸ਼ਿਆਂ ਖ਼ਿਲਾਫ਼ ਨਾਟਕ ਪੇਸ਼ ਕਰਕੇ ਅਤੇ ਚੇਤਨਾ ਰੈਲੀ ਕੱਢ ਕੇਸਮਾਜਿਕ ਬੁਰਾਈਆਂ 'ਤੇ ਕਾਬੂ ਪਾਉਣ ਦਾ ਸੰਦੇਸ਼ ਦਿੱਤਾ ਗਿਆ। ਬਾਅਦ ਵਿੱਚ ਮੇਲੇ 'ਚ ਨਸ਼ਿਆਂ ਅਤੇ ਸਮਾਜਿਕ ਬੁਰਾਈਆਂ ਤੋਂ ਦੂਰ ਰਹਿਣ ਦਾ ਸੰਦੇਸ਼ ਵੀ ਦਿੱਤਾ ਗਿਆ।ਐਤਵਾਰ ਹੋਣ ਕਾਰਨ ਅੱਜ ਮੇਲੇ 'ਚ ਲੋਕਾਂ ਦੀ ਆਮ ਨਾਲੋਂ ਵੱਧ ਆਮਦ ਦੇਖੀ ਗਈ ਅਤੇ ਲੋਕਾਂ ਨੇ ਮੇਲੇ 'ਚੋਂ ਸ਼ਿਲਪਕਾਰੀ ਅਤੇ ਦਸਤਕਾਰੀ ਵਸਤਾਂ ਖਰੀਦੀਆਂ। ਮੇਲੇ 'ਚ ਲੱਕੜ ਦੀ ਨਕਾਸ਼ੀ ਵਾਲੀਆਂ ਵਸਤਾਂ, ਮੀਨਾਕਾਰੀ ਵਾਲੀਆਂ ਤੇ ਤਰਾਸ਼ੀਆਂ ਹੋਈਆਂ ਪੱਥਰ ਦੀਆਂ ਮੂਰਤਾਂ ਤੇ ਵਸਤਾਂ, ਕਢਾਈ ਵਾਲੀਆਂ ਫੁਲਕਾਰੀਆਂ ਤੇ ਜੁੱਤੀਆਂ, ਸਮੇਤ ਹੋਰ ਵਸਤਾਂ ਨੂੰ ਲੋਕਾਂ ਦੀ ਖਿੱਚ ਦਾ ਕੇਂਦਰ ਬਣੀਆਂ ਨੇ ।

---------------------------------------------------------------------------------

ਪਟਿਆਲਾ ਵਿਚ ਅੱਜ ਵਿਸ਼ਵ ਓਸਟੀਓ-ਪ੍ਰੋਸਿਸ ਦਿਵਸ ਮਨਾਇਆ ਗਿਆ। ਵੱਡੀ ਗਿਣਤੀ ਵਿਚ ਲੋਕਾਂ ਨੇ ਇਸ ਪ੍ਰੋਗਰਾਮ ਵਿਚ ਸ਼ਿਰਕਤ ਕੀਤੀ। ਇਸ ਪ੍ਰੋਗਰਾਮ ਵਿਚ ਹੱਡੀਆਂ ਦੀਆ ਬਿਮਾਰੀਆਂ ਬਾਰੇ ਚਰਚਾ ਕੀਤੀ ਗਈ ਅਤੇ ਟੈੱਸਟ ਕੀਤੇ ਗਏ। ਇਸ ਮੌਕੇ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਸਿਹਤ ਮੰਤਰੀ ਨੇ ਕਿਹਾ ਕਿ ਜੇਕਰ ਅਸੀਂ ਆਪਣੇ ਸਰੀਰ ਨੂੰ ਕੁਝ ਸਮਾਂ ਸੈਰ ਅਤੇ ਯੋਗਾ ਕਰਨ ਲਈ ਦੇਈਏ ਤਾਂ ਅਸੀਂ ਲੰਮੀ ਅਤੇ ਸਿਹਤਮੰਦ ਜ਼ਿੰਦਗੀ ਜੀ ਸਕਦੇ ਹਾਂ।

--------------------------------------------------------------------------------

ਨਿਊਜ਼ੀਲੈਂਡ ਨੇ ਅੱਜ ਬੈਂਗਲੁਰੂ ਦੇ ਐਮ. ਚਿੰਨਾਸਵਾਮੀ ਸਟੇਡੀਅਮ ਵਿਚ ਖੇਡੇ ਗਏ ਪਹਿਲੇ ਟੈਸਟ ਵਿਚ ਭਾਰਤ ਨੂੰ 8 ਵਿਕਟਾਂ ਨਾਲ ਹਰਾ ਕੇ ਤਿੰਨ ਮੈਚਾਂ ਦੀ ਲੜੀ ਵਿੱਚ 1-0 ਦੀ ਲੀਡ ਬਣਾ ਲਈ ਏ। ਭਾਰਤ ਨੇ ਕੱਲ੍ਹ 462 ਦੌੜਾਂ 'ਤੇ ਆਊਟ ਹੋਣ ਤੋਂ ਬਾਅਦ ਨਿਊਜ਼ੀਲੈਂਡ ਨੂੰ 107 ਦੌੜਾਂ ਦਾ ਟੀਚਾ ਦਿੱਤਾ ਸੀ। ਨਿਊਜ਼ੀਲੈਂਡ ਨੇ 36 ਸਾਲਾਂ 'ਚ, ਭਾਰਤ ਵਿੱਚ ਆਪਣੀ ਪਹਿਲੀ ਟੈਸਟ ਜਿੱਤ ਦਰਜ ਕੀਤੀ ਏ

---

ਔਰਤਾਂ ਦੇ  ਟਵੰਟੀ -ਟਵੰਟੀ ਕ੍ਰਿਕਟ ਵਿਸ਼ਵ ਕੱਪ 'ਚ ਅੱਜ ਸ਼ਾਮੀ ਦੁਬਈ ਇੰਟਰਨੈਸ਼ਨਲ ਸਟੇਡੀਅਮ ਵਿਖੇ ਨਿਊਜ਼ੀਲੈਂਡ ਦਾ ਸਾਹਮਣਾ ਦੱਖਣੀ ਅਫਰੀਕਾ ਨਾਲ ਹੋਵੇਗਾ। ਮੈਚ ਭਾਰਤੀ ਸਮੇਂ ਅਨੁਸਾਰ ਸ਼ਾਮੀ ਸਾਢੇ 7 ਵਜੇ ਸ਼ੁਰੂ ਹੋਵੇਗਾ। ਦੱਖਣੀ ਅਫਰੀਕਾ ਨੇ ਪਹਿਲੇ ਸੈਮੀਫਾਈਨਲ ਵਿੱਚ ਆਸਟਰੇਲੀਆ ਨੂੰ ਹਰਾ ਕੇ ਫਾਈਨਲ ਵਿੱਚ ਜਗ੍ਹਾ ਬਣਾ ਲਈ ਏ।

---

**ਆਖ਼ਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਪਰਸੋਂ ਨਵੀਂ ਦਿੱਲੀ ਵਿੱਚ, 5ਵੇਂ ਰਾਸ਼ਟਰੀ ਜਲ ਪੁਰਸਕਾਰ 2023 ਪ੍ਰਦਾਨ ਕਰਨਗੇ।
- ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਕਲ ਨੂੰ, ਨਵੀਂ ਦਿੱਲੀ ਦੇ ਰਾਸ਼ਟਰੀ ਪੁਲਿਸ ਯਾਦਗਾਰ ਵਿਖੇ,ਸ਼ਹੀਦ ਪੁਲਿਸ ਕਰਮਚਾਰੀਆਂ ਨੂੰ ਸ਼ਰਧਾਂਜਲੀ ਭੇਟ ਕਰਨਗੇ।
- ਪੰਜਾਬ ਸਰਕਾਰ ਵੱਲੋਂ ਪਸ਼ੂਆਂ ਨੂੰ ਮੂੰਹਖੁਰ ਦੀ ਬਿਮਾਰੀ  ਤੋਂ ਬਚਾਉਣ ਲਈ, ਸੂਬੇ ਭਰ ਵਿੱਚ ਕਲ ਤੋਂ ਪਸ਼ੂਆਂ ਦੇ ਟੀਕਾਕਰਨ ਮੁਹਿੰਮ ਦੀ ਸ਼ੁਰੂਆਤ।

- ਆਮ ਆਦਮੀ ਪਾਰਟੀ ਵਲੋਂ ਪੰਜਾਬ ਦੇ 4 ਵਿਧਾਨ ਸਭਾ ਹਲਕਿਆਂ ਲਈ ਹੋਣ ਵਾਲੀ ਜ਼ਿਮਨੀ ਚੋਣ ਵਾਸਤੇ ਉਮੀਦਵਾਰਾਂ ਦਾ ਐਲਾਨ ।
- ਜਲੰਧਰ ਕਮਿਸ਼ਨਰੇਟ ਪੁਲਿਸ ਨੇ, ਬੰਬੀਹਾ-ਕੌਸ਼ਲ ਗੈਂਗ ਦੇ, ਪੰਜ ਮੁੱਖ ਮੈਂਬਰਾਂ ਨੂੰ, 9 ਗੈਰ-ਕਾਨੂੰਨੀ ਹਥਿਆਰ ਅਤੇ 15 ਕਾਰਤੂਸਾਂ ਸਮੇਤ ਕੀਤਾ ਗ੍ਰਿਫਤਾਰ ।